# ਵਰਲਡ ਪੰਜਾਬੀ ਟਾਈਮਜ਼
WORLD PUNJABI TIMES

A Punjabi News Protal & Epaper From Winnipeg, Canada

Visit us at : www.worldpunjabitimes.com

Mob: 7973333573, +1 (418) 887-0162




## ਸਤਿਕਾਰ ਕਮੇਟੀ ਕੈਨੇਡਾ ਵੱਲੋਂ ਭਾਈ ਅੰਮ੍ਰਿਤਪਾਲ ਸਿੰਘ ਨੂੰ ਜਿਤਾਉਣ ਦੀ ਅਪੀਲ

### ਪੰਜਾਬ ਦੇ ਕਿਸਾਨਾਂ, ਮਜ਼ਦੂਰਾਂ ਦੇ ਹੱਕ ਵਿੱਚ ਕੀਤਾ ਹਫਤਾਵਾਰੀ ਮੁਜ਼ਾਹਰਾ

ਵਰਲਡ ਪੰਜਾਬੀ ਟਾਈਮਜ਼ ਹਰਦਮ ਮਾਨ



ਸਰੀ, 17 ਮਈ : ਸਤਿਕਾਰ ਕਮੇਟੀ ਕਨੇਡਾ ਵੱਲੋਂ ਸਰੀ ਵਿਖੇ ਦੇ 88 ਐਵੀਨਿਊ ਅਤੇ ਕਿੰਗ ਜਾਰਜ ਸਟਰੀਟ ਦੇ ਇੰਟਰਸੈਕਸ਼ਨ 'ਤੇ ਪੰਜਾਬ ਦੇ ਕਿਸਾਨਾਂ ਅਤੇ ਮਜ਼ਦੂਰਾਂ ਦੇ ਸੰਘਰਸ਼ ਦੀ ਹਮਾਇਤ ਹਫਤਾਵਾਰੀ ਮੁਜ਼ਾਹਰਾ ਕੀਤਾ ਗਿਆ ਅਤੇ ਕਿਸਾਨਾਂ ਦੀਆਂ ਮੰਗਾਂ ਮੰਨਣ ਤੋਂ ਮੁਨਕਰ ਹੋਈ ਭਾਰਤ ਸਰਕਾਰ ਦੀ ਨਿਖੇਧੀ ਕੀਤੀ ਗਈ। ਕਮੇਟੀ ਆਗੂਆਂ ਵੱਲੋਂ ਹਲਕਾ ਖਡੂਰ ਸਾਹਿਬ ਤੋਂ ਪਾਰਲੀਮੈਂਟ ਦੀ ਚੋਣ ਲੜ ਰਹੇ ਭਾਈ ਅੰਮ੍ਰਿਤਪਾਲ ਸਿੰਘ ਦੀ ਹਮਾਇਤ ਕਰਦਿਆਂ ਹਲਕੇ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਵੱਡੀ ਜਿੱਤ ਦੁਆ ਕੇ ਪਾਰਲੀਮੈਂਟ ਵਿਚ ਸਿੱਖਾਂ ਦੀ ਆਵਾਜ਼ ਬੁਲੰਦ ਕੀਤੀ ਜਾਵੇ। ਸਤਿਕਾਰ ਕਮੇਟੀ ਦੇ ਮੁੱਖ ਬੁਲਾਰੇ ਕੁਲਦੀਪ ਸਿੰਘ ਸੇਖੋਂ ਨੇ ਇਸ ਮੌਕੇ ਸੰਬਧਨ ਕਰਦਿਆਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਦੇ ਚੋਣ ਮੈਦਾਨ ਵਿਚ ਆਉਣ ਨਾਲ ਖਡੂਰ ਸਾਹਿਬ ਹਲਕੇ ਵਿਚ ਸਖਤ ਮੁਕਾਬਲਾ ਬਣ ਗਿਆ ਹੈ। ਉਨ੍ਹਾਂ ਕਿਹਾ ਕਿ ਸਿੱਖ ਸੰਗਤਾਂ ਵਿਚ ਉਨ੍ਹਾਂ ਦੀ ਹਮਾਇਤ ਲਈ ਭਾਰੀ ਉਤਸ਼ਾਹ ਹੈ। ਸ. ਸੇਖੋ ਨੇ ਭਾਰਤ ਸਰਕਾਰ ਦੋਹਰੇ ਮਾਪਦੰਡ ਅਪਨਾਉਣ ਦਾ ਦੋਸ਼ ਲਾਉਂਦਿਆਂ ਕਿਹਾ ਕਿ 30-35 ਸਾਲ ਤੋਂ ਜੇਲ੍ਹਾਂ ਵਿਚ ਸਜ਼ਾਵਾਂ ਪੂਰੀਆਂ ਕਰ ਚੁੱਕੇ ਬੰਦੀ ਸਿੰਘਾਂ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ ਅਤੇ ਦੂਜੇ ਪਾਸੇ ਬਲਤਾਕਾਰੀਆਂ ਅਤੇ ਕਾਤਲਾਂ ਨੂੰ 5-5 ਵਾਰ ਪਰੋਲ ਦਿੱਤੀ ਜਾ ਰਹੀ ਹੈ।

ਕਿਸਾਨੀ ਸੰਘਰਸ਼ ਦੀ ਹਮਾਇਤ ਕਰਦਿਆਂ ਸਤਿਕਾਰ ਕਮੇਟੀ ਆਗੂ ਨੇ ਕਿਹਾ ਕਿ ਜਗਜੀਤ ਸਿੰਘ ਡੱਲੇਵਾਲ ਦੀ ਕਿਸਾਨ ਜਥੇਬੰਦੀ ਅਤੇ ਮਜ਼ਦੂਰ ਜਥੇਬੰਦੀਆਂ ਸ਼ੰਭੂ ਘਨੌਰੀ ਬਾਰਡਰ 'ਤੇ ਧਰਨੇ ਉਪਰ ਬੈਠੀਆਂ ਹੋਈਆਂ ਹਨ ਪਰ ਸਰਕਾਰ ਕਿਸਾਨਾਂ ਦੀ ਗੱਲ ਸੁਣਨ ਬਜਾਏ ਉਹਨਾਂ ਨੂੰ ਜ਼ਲੀਲ ਕਰ ਰਹੀ ਹੈ ਅਤੇ ਡਾਂਗਾਂ ਸੋਟੀਆਂ ਨਾਲ ਉਹਨਾਂ 'ਤੇ ਤਸ਼ੱਦਦ ਕਰ ਰਹੀ ਹੈ। ਉਹਨਾਂ ਪੰਜਾਬ ਸਰਕਾਰ ਵੱਲੋਂ ਵੀ ਕਿਸਾਨਾਂ ਦੀ ਬਾਂਹ ਨਾ ਫੜਨ ਦੀ ਸਖਤ ਨਿੰਦਿਆ ਕੀਤੀ। ਉਨ੍ਹਾਂ ਕਿਹਾ ਕਿ ਸਤਿਕਾਰ ਕਮੇਟੀ ਕਨੇਡਾ ਅਤੇ ਬਾਹਰ ਬੈਠੇ ਪੰਜਾਬੀ ਕਿਸਾਨਾਂ, ਮਜ਼ਦੂਰਾਂ ਦੇ ਸੰਘਰਸ਼ ਦਾ ਪੂਰੀ ਤਰ੍ਹਾਂ ਸਮਰਥਨ ਕਰਦੇ ਹਨ ਅਤੇ 2020 ਵਿਚ ਵਿਦੇਸ਼ਾਂ ਵਿਚ ਬੈਠੇ ਪੰਜਾਬੀਆਂ ਨੇ ਤਨ, ਮਨ ਅਤੇ ਧਨ ਨਾਲ ਪੰਜਾਬ ਦੇ ਕਿਸਾਨੀ ਸੰਘਰਸ਼ ਵਿਚ ਆਪਣਾ ਯੋਗਦਾਨ ਪਾਇਆ ਸੀ ਅਤੇ ਹੁਣ ਵੀ ਬਾਹਰ ਬੈਠੇ ਪੰਜਾਬੀ ਕਿਸਾਨੀ ਸੰਘਰਸ਼ ਦੇ ਨਾਲ ਖੜ੍ਹੇ ਹਨ ਅਤੇ ਉਦੋਂ ਤੱਕ ਸਾਥ ਦਿੰਦੇ ਰਹਿਣਗੇ ਜਦੋਂ ਤੱਕ ਕਿਸਾਨਾਂ, ਮਜ਼ਦੂਰਾਂ ਨੂੰ ਭਾਰਤ ਸਰਕਾਰ ਵੱਲੋਂ ਇਨਸਾਫ ਨਹੀਂ ਮਿਲਦਾ।

## ਸੁਖਬੀਰ ਸਿੰਘ ਬਾਦਲ ਨੇ ਆਪਣੇ ਪੁਰਖਿਆਂ ਦੇ ਪਿੰਡ ਘੁੱਦਾ ਵਿੱਚ ਕੀਤਾ ਚੋਣ ਪ੍ਰਚਾਰ, ਆਪ ਅਤੇ ਕਾਂਗਰਸ ਤੇ ਕੀਤੇ ਤਿੱਖੇ ਸ਼ਬਦੀ ਹਮਲੇ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ



ਸੰਗਤ ਮੰਡੀ 17 ਮਈ : ਦੱਸ ਦਈਏ ਕਿ ਜਿਵੇਂ ਜਿਵੇਂ ਲੋਕ ਸਭਾ ਚੋਣਾਂ ਦੀਆਂ ਤਰੀਕਾਂ ਨੇੜੇ ਆ ਰਹੀਆਂ ਹਨ ਚੋਣ ਮੈਦਾਨ ਵੀ ਪੂਰੀ ਤਰਹਾਂ ਭੱਖ ਚੁੱਕੇ ਹਨ। ਇਸੇ ਨੂੰ ਲੈ ਕੇ ਅੱਜ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਹਲਕੇ ਦੇ ਪਿੰਡ ਪਥਰਾਲਾ ਘੁਦਾ ਅਤੇਦਿਉਣ ਵਿਖੇ ਚੋਣ ਰੈਲੀਆਂ ਨੂੰ ਸੰਬੋਧਨ ਕੀਤਾ ਗਿਆ। ਇਸ ਮੌਕੇ ਆਪਣੇ ਪੁਰਖਿਆਂ ਦੇ ਪਿੰਡ ਘੁੱਦਾ ਵਿਖੇ ਚੋਣ ਰੈਲੀ ਨੂੰ ਸੰਬੋਧਨ ਕਰਦੇ ਹੋਏ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਕਿਹਾ ਹੈ ਕਿ ਜੋ ਵਿਕਾਸ ਬਠਿੰਡਾ ਲੋਕ ਸਭਾ ਹਲਕੇ ਵਿੱਚ ਹੋਏ ਹਨ ਤੁਸੀਂ ਭਲੀ ਭਾਤ ਜਾਣਦੇ ਹੋ ਉਹਨਾਂ ਕਿਹਾ ਹੈ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਨਾਲ ਗੱਪ ਮਾਰ ਕੇ ਸੱਤਾ ਹਾਸਲ ਕੀਤੀ ਹੈ ਜਿਸ ਕਾਰਨ ਹੁਣ ਹਰ ਵਰਗ ਇਸ ਸਰਕਾਰ ਤੋਂ ਦੁਖੀ ਹੈ ਉਹਨਾਂ ਕਿਹਾ ਹੈ ਕਿ ਦੁਬਾਰਾ ਫਿਰ ਤੁਸੀਂ ਬੀਬਾ ਹਰਸਿਮਰਤ ਕੌਰ ਬਾਦਲ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਮੈਂਬਰ ਪਾਰਲੀਮੈਂਟ ਬਣਾ ਦਿਓ ਫਿਰ ਦੇਖਣਾ ਕਿਸ ਤਰ੍ਹਾਂ ਬਠਿੰਡਾ ਲੋਕ ਸਭਾ ਹਲਕਾ ਤਰੱਕੀ ਦੀਆਂ ਬੁਲੰਦੀਆਂ ਨੂੰ ਛੂਹ ਲਵੇਗਾ ਇਸ ਮੌਕੇ ਉਨਾਂ ਨਾਲ ਹਲਕਾ ਇੰਚਾਰਜ ਪ੍ਰਕਾਸ਼ ਸਿੰਘ ਭੱਟੀ, ਹਨੀ ਸਿੰਘ ,ਸੰਦੀਪ ਸਿੰਘ, ਸ਼੍ਰੋਮਣੀ ਅਕਾਲੀ ਦਲ ਦੇ ਸਲਾਹਕਾਰ ਹਰਜੀਤ ਸਿੰਘ ਕਾਲਝਰਾਣੀ ,ਰਣਜੋਧ ਸਿੰਘ ਸਾਬਕਾ ਸਰਪੰਚ ਘੁੱਦਾ, ਜਸਵਿੰਦਰ ਸਿੰਘ ਟਿਵਾਣਾ ਘੁੱਦਾ, ਜਗਸੀਰ ਸਿੰਘ ਬੱਲੂਆਣਾ ,ਸੁਖਜਿੰਦਰ ਸਿੰਘ ਚੁੱਘੇ ਕਲਾਂ ,ਸੰਦੀਪ ਸਿੰਘ ਸਨੀ ਚੱਕ ਅਤਰ ਸਿੰਘ ਵਾਲਾ ,ਗੁਰਜੰਟ ਸਿੰਘ ਨਰੂਆਣਾ, ਨਗਰ ਕੌਂਸਲ ਸੰਗਤ ਦੇ ਪ੍ਰਧਾਨ ਸੁਸ਼ੀਲ ਕੁਮਾਰ ਗੋਲਡੀ ,ਰਾਜਾ ਸਿੰਘ ਰਾਇ ਕੇ ਕਲਾਂ ,ਸੁਰਿੰਦਰ ਸਿੰਘ ਰਾਇਕੇ ਕਲਾਂ, ਲਖਵੀਰ ਸਿੰਘ ਚੱਕ ਅਤਰ ਸਿੰਘ ਵਾਲਾ ਬੱਤੀ ਪੱਤੀ ਅਤੇ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਵਰਕਰ ਉਹਨਾਂ ਦੇ ਨਾਲ ਹਾਜ਼ਰ ਸਨ।

## ਜਮਹੂਰੀ ਅਧਿਕਾਰ ਸਭਾ ਵਲੋਂ ਜ਼ਹਿਰੀਲੀ ਸ਼ਰਾਬ ਕਾਂਡ ਦੀ ਜਾਂਚ ਰਿਪੋਰਟ ਜਾਰੀ

### ਮੌਤਾਂ ਲਈ ਸਰਕਾਰਾਂ ਦੇ ਲੰਮੇ ਸਮੇਂ ਤੋਂ ਚੱਲ ਰਹੇ ਨਜਾਇਜ਼ ਸ਼ਰਾਬ ਦੇ ਧੰਦੇ ਨੂੰ ਬੰਦ ਕਰਨ ਨਾਕਾਮ ਰਹਿਣ ਨੂੰ ਜੁਮੇਵਾਰ ਠਹਿਰਾਇਆ

ਵਰਲਡ ਪੰਜਾਬੀ ਟਾਈਮਜ਼ ਕੁਲਦੀਪ ਸਿੰਘ




ਸੰਗਰੂਰ 17 ਮਈ : ਬੀਤੇ ਮਾਰਚ ਦੇ ਮਹੀਨੇ ਵਿਚ ਗੁਜਰਾਂ, ਢੰਡੋਲੀ, ਜਖੇਪਲ ਅਤੇ ਟਿੱਬੀ ਰਵੀਦਾਸ ਪੁਰਾ, ਸੁਨਾਮ ਵਿਖੇ ਜ਼ਹਿਰੀਲੀ ਸ਼ਰਾਬ ਪੀਣ ਕਾਰਨ ਹੋਈਆਂ ਮੌਤਾਂ ਸੰਬੰਧੀ ਜਮਹੂਰੀ ਅਧਿਕਾਰ ਸਭਾ ਵੱਲੋਂ ਗਠਿਤ ਕੀਤੀ ਤੱਥ ਖੋਜ ਕਮੇਟੀ ਨੇ ਕੀਤੀ ਜਾਂਚ ਪੜਤਾਲ ਦੀ ਰਿਪੋਰਟ ਸਭਾ ਦੀ ਜ਼ਿਲ੍ਹਾ ਇਕਾਈ ਸੰਗਰੂਰ ਨੇ ਜਾਰੀ ਕਰ ਦਿੱਤੀ ਹੈ। ਸਭਾ ਦੇ ਆਗੂਆਂ ਸਰਵ ਸ੍ਰੀ ਜਗਜੀਤ ਭੁਟਾਲ, ਕੁਲਦੀਪ ਸਿੰਘ, ਸਵਰਨਜੀਤ ਸਿੰਘ,ਬਿਸੇਸਰ ਰਾਮ ਅਤੇ ਰਘਬੀਰ ਭੁਟਾਲ ਦੇ ਅਧਾਰਤ ਗਠਿਤ ਕੀਤੀ ਕਮੇਟੀ ਨੂੰ ਜਾਂਚ ਪੜਤਾਲ ਕਰਨ ਸਮੇਂ ਸਭਾ ਦੇ ਮੈਂਬਰਾਂ ਲਛਮਣ ਅਲੀਸ਼ੇਰ, ਮਨਪ੍ਰੀਤ ਛਾਜਲੀ ਅਤੇ ਮਾਸਟਰ ਨਿਰਭੈ ਸਿੰਘ ਨੇ ਸਰਗਰਮ ਭੂਮਿਕਾ ਨਿਭਾਈ।ਤੱਥ ਖੋਜ ਕਮੇਟੀ ਵਲੋਂ ਗੁਜਰਾਂ ਢੰਡੋਲੀ ਜਖੇਪਲ ਅਤੇ ਟਿੱਬੀ ਰਵੀਦਾਸ ਪੁਰਾ ਸੁਨਾਮ ਵਿਖੇ ਜਾ ਕੇ ਪੀੜਤ ਪਰਿਵਾਰਾਂ, ਪਿੰਡਾਂ ਦੇ ਲੋਕਾਂ, ਜਨਤਕ ਨੁਮਾਇੰਦਿਆਂ ਅਤੇ ਦੋਸ਼ੀ ਧਿਰ ਦੇ ਪਿੰਡਾਂ ਵਿੱਚ ਜਾ ਕੇ ਲੋਕਾਂ, ਨੁਮਾਇੰਦਿਆਂ ਨੂੰ ਮਿਲ ਕੇ ਤੱਥ ਇਕੱਠੇ ਕੀਤੇ। ਇਸ ਤੋਂ ਇਲਾਵਾ ਵੱਖ ਵੱਖ ਥਾਵਾਂ ਤੇ ਪੁਲਿਸ ਅਧਿਕਾਰੀਆਂ ਨੂੰ ਮਿਲ ਕੇ ਘਟਨਾਵਾਂ ਸਬੰਧੀ ਜਾਂਚ ਪੜਤਾਲ ਕੀਤੀ ਗਈ। ਇਹਨਾਂ ਘਟਨਾਵਾਂ ਸਬੰਧੀ ਦਰਜ ਕੀਤੀਆਂ ਐਫ਼ ਆਈ ਆਰ ਨੂੰ ਵੀ ਘੋਖਿਆ ਗਿਆ। ਕਮੇਟੀ ਨੇ ਆਪਣੀ ਰਿਪੋਰਟ ਵਿੱਚ ਕਿਹਾ ਕਿ ਇਹਨਾਂ ਪਿੰਡਾਂ ਵਿੱਚੋਂ ਮਿਲੀ ਜਾਣਕਾਰੀ ਅਨੁਸਾਰ ਜ਼ਹਿਰੀਲੀ ਸ਼ਰਾਬ ਪੀਣ ਨਾਲ ਕੁੱਲ 22ਮੌਤਾਂ ਹੋਈਆਂ ਹਨ। ਅਤੇ 7 ਵਿਆਕਤੀਆਂ ਦੀ ਨਜ਼ਰ ਉਪਰ ਗੰਭੀਰ ਪ੍ਰਭਾਵ ਪਿਆ ਹੈ। ਇਹਨਾਂ ਵਿਆਕਤੀਆਂ ਦੀ ਉਮਰ 25ਸਾਲ ਤੋਂ 70ਸਾਲ ਦਰਮਿਆਨ ਹੈ। ਇਹ ਇਹਨਾਂ ਵਿਚੋਂ ਜ਼ਿਆਦਾਤਰ ਵਿਆਕਤੀਆਂ ਅਨੁਸੂਚਿਤ ਜਾਤੀਆਂ ਜਨਜਾਤੀਆਂ ਨਾਲ ਸੰਬੰਧਿਤ ਹਨ। ਇਹਨਾਂ ਪਾਸ ਮਿਹਨਤ ਮਜ਼ਦੂਰੀ ਬਿਨਾਂ ਕਮਾਈ ਦਾ ਕੋਈ ਹੋਰ ਸਾਧਨ ਨਹੀਂ ਹੈ। ਜ਼ਿਆਦਾਤਰ ਦੇ ਪਰਿਵਾਰ ਇੱਕ ਦੋ ਕਮਰਿਆਂ ਵਾਲੇ ਮਕਾਨਾਂ ਵਿਚ ਰਹਿੰਦੇ ਹਨ।

ਕਮੇਟੀ ਨੇ ਕਿਹਾ ਭਾਵੇਂ ਇਸ ਜ਼ਹਿਰੀਲੀ ਸ਼ਰਾਬ ਨੂੰ ਬਣਾਉਣ ਵਾਲੇ, ਇਸ ਨੂੰ ਅੱਗੇ ਸਪਲਾਈ ਕਰਨ ਵਾਲੇ ਅਤੇ ਪਿੰਡਾਂ ਵਿੱਚ ਵੇਚਣ ਵਾਲੇ ਵਿਆਕਤੀਆਂ ਨੂੰ ਗ੍ਰਿਫ਼ਤਾਰ ਕਰਕੇ ਕੇਸ ਵਿੱਚ ਨਾਮਜ਼ਦ ਕਰ ਲਿਆ ਗਿਆ ਹੈ। ਪਰ ਇਹ ਸ਼ਰਾਬ ਪਹਿਲੀ ਵਾਰ ਬਣਾ ਕੇ ਹੀ ਸਪਲਾਈ ਕੀਤੀ ਗਈ ਹੈ ਜਦੋਂ ਕਿ ਇਨ੍ਹਾਂ ਪਿੰਡਾਂ ਵਿੱਚ ਇਸ ਨਜਾਇਜ਼ ਸ਼ਰਾਬ ਦਾ ਧੰਦਾ ਪਿਛਲੇ ਅੱਠ ਦਸ ਸਾਲਾਂ ਤੋਂ ਚੱਲ ਰਿਹਾ ਸੀ। ਇਸ ਲਈ ਇਸ ਤੋਂ ਪਹਿਲਾਂ ਸਪਲਾਈ ਕੀਤੀ ਜਾਣ ਵਾਲੀ ਸ਼ਰਾਬ ਨੂੰ ਬਣਾਉਣ ਅਤੇ ਸਪਲਾਈ ਕਰਨ ਵਾਲੇ ਵਿਅਕਤੀਆਂ ਨੂੰ ਮੁਕੱਦਮੇ ਵਿਚ ਸ਼ਾਮਿਲ ਨਾ ਕਰਕੇ ਨਜਾਇਜ਼ ਸ਼ਰਾਬ ਦੇ ਧੰਦੇ ਦੇ ਵੱਡੇ ਮਾਫੀਆ ਨੂੰ ਹੱਥ ਪਾਉਣ ਤੋਂ ਪਾਸਾ ਵੱਟ ਲਿਆ ਗਿਆ ਹੈ। ਰਿਪੋਰਟ ਵਿਚ ਕਿਹਾ ਗਿਆ ਹੈ ਕਿ ਇਸ ਨਾਲ ਭਾਵੇਂ ਇਹਨਾਂ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਵੀ ਕਿਉਂ ਨਾ ਹੋ ਜਾਣ ਪਰ ਸ਼ਰਾਬ ਦੇ ਧੰਦੇ ਦੇ ਵੱਡੇ ਮਹਾਂਰਥੀਆਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਉਣ ਤੋਂ ਬਿਨਾਂ ਜ਼ਹਿਰੀਲੀ ਸ਼ਰਾਬ ਨਾਲ ਹੋਣ ਵਾਲੀਆਂ ਮੌਤਾਂ ਦਾ ਸਿਲਸਿਲਾ ਜਾਰੀ ਰਹੇਗਾ। ਉਹਨਾਂ ਕਿਹਾ ਕਿ ਸ਼ਰਾਬ ਬਣਾਉਣ ਵਾਲੇ ਦੋਸ਼ੀ ਵਲੋਂ ਸਹਿਕਾਰੀ ਸੁਸਾਇਟੀ ਵਿਚ ਕੀਤੇ ਕਰੋੜਾਂ ਦੇ ਗ਼ਬਨ ਦੇ ਕੇਸ ਨੂੰ ਮਹਿਕਮਾਨਾ ਅਤੇ ਵਿਜੀਲੈਂਸ ਜਾਂਚ ਪੜਤਾਲਾਂ ਲਮਕਾ ਕੇ ਉਸ ਉਪਰ ਕੋਈ ਕੇਸ ਦਰਜ ਨਾ ਕਰਵਾਉਣ ਅਤੇ ਗ਼ਬਨ ਕੀਤੀ ਰਕਮ ਉਗਰਾਉਣ ਸੰਬੰਧੀ ਠੋਸ ਕਦਮਾਂ ਦੀ ਘਾਟ ਅਤੇ ਉਸ ਵਲੋਂ ਰਚੇ ਲੁੱਟ ਖੋਹ ਦੇ ਡਰਾਮੇ ਨੂੰ ਖੁਰਦ ਬੁਰਦ ਕਰਨ ਦੇ ਵਰਤਾਰੇ ਨੇ ਦੋਸ਼ੀ ਨੂੰ ਅਜਿਹਾ ਘਿਨਾਉਣਾ ਅਪਰਾਧ ਕਰਨ ਲਈ ਉਤਸ਼ਾਹਿਤ ਕੀਤਾ ਹੈ। ਉਹਨਾਂ ਕਿਹਾ ਕਿ ਵੱਡੇ ਵੱਡੇ ਮਾਫੀਆ ਦੇ ਸਰਗਣਿਆਂ ਨੂੰ ਜੇਲ੍ਹਾਂ ਵਿੱਚ ਸੁੱਟਣ ਦੀ ਥਾਂ ਉਨ੍ਹਾਂ ਦੇ ਕਰਿੰਦਿਆਂ ਨੂੰ ਜੇਲ੍ਹਾਂ ਵਿੱਚ ਸੁੱਟਣ ਦੇ ਵਰਤਾਰੇ ਨੇ ਜੇਲ੍ਹਾਂ ਨੂੰ ਜ਼ਰਾਇਮ ਪੇਸ਼ਾ ਲੋਕਾਂ ਦੇ ਟ੍ਰੇਨਿੰਗ ਸੈਂਟਰ ਬਣਾ ਦਿੱਤਾ ਹੈ। ਇਸ ਕਾਂਡ ਵਿਚ ਸ਼ਾਮਿਲ ਦੋਸ਼ੀਆਂ ਨੇ ਵੀ ਜੇਲ ਵਿਚ ਰਹਿ ਕੇ ਇਹ ਧੰਦਾ ਸ਼ੁਰੂ ਕਰਨ ਦੀ ਯੋਜਨਾ ਬਣਾਈ ਹੈ। ਰਿਪੋਰਟ ਵਿਚ ਕਿਹਾ ਗਿਆ ਹੈ ਕਿ ਸੁਨਾਮ, ਸੰਗਰੂਰ ਦੇ ਸਰਕਾਰੀ ਹਸਪਤਾਲਾਂ ਵਿਚ ਸਿਹਤ ਸਹੂਲਤਾਂ ਦੀ ਘਾਟ ਕਾਰਨ ਪੀੜਤਾਂ ਨੂੰ ਇੱਕ ਤੋਂ ਦੂਜੀ ਥਾਂ ਰੈਫਰ ਕਰਨ ਅਤੇ ਰਜਿੰਦਰਾ ਹਸਪਤਾਲ ਪਟਿਆਲਾ ਵਿਖੇ ਉੱਚ ਪਾਏ ਦੀਆਂ ਸਹੂਲਤਾਂ ਦੀ ਘਾਟ ਨੇਂ ਵੀ ਮੌਤਾਂ ਦੀ ਗਿਣਤੀ ਵਿੱਚ ਵਾਧਾ ਕੀਤਾ ਹੈ ਲੋਕਾਂ ਨੂੰ ਪ੍ਰਾਈਵੇਟ ਹਸਪਤਾਲਾਂ ਵਿਚ ਜਾਣਾ ਪਿਆ ਹੈ।ਰਿਪੋਰਟ ਵਿਚ ਜਨਤਕ ਜਥੇਬੰਦੀਆਂ ਅਤੇ ਇਨਸਾਫ਼ ਪਸੰਦ ਲੋਕਾਂ ਵਲੋ ਪੀੜ੍ਹਤਾਂ ਲਈ ਸੰਘਰਸ਼ ਕਰਨ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹਾ ਕਰਨ ਕਰਕੇ ਹੀ ਲੋਕਾਂ ਨੂੰ ਕੁਝ ਸਿਹਤ ਸਹੂਲਤਾਂ, ਮੁਆਵਜ਼ਾ ਅਤੇ ਦੋਸ਼ੀਆਂ ਖਿਲਾਫ ਕਾਨੂੰਨੀ ਕਾਰਵਾਈ ਸੰਭਵ ਹੋਈ ਹੈ। ਸਭਾ ਨੇ ਸ਼ਰਾਬ ਕਾਂਡ ਦੇ ਦੋਸ਼ੀਆਂ ਨੂੰ ਸਖ਼ਤ ਸਜ਼ਾਵਾਂ ਦੇਣ, ਪੀੜਤ ਪਰਿਵਾਰਾਂ ਦੇ ਰੁਜ਼ਗਾਰ/ਗੁਜ਼ਾਰੇ ਦੇ ਯੋਗ ਪ੍ਰਬੰਧ ਕਰਨ, ਬੇਸਹਾਰਾ ਹੋਏ ਪਰਿਵਾਰਾਂ ਨੂੰ ਗੁਜ਼ਾਰਾ ਭੱਤੇ ਦੇਣ, ਨਜਾਇਜ਼ ਸ਼ਰਾਬ ਤੇ ਹੋਰ ਨਸ਼ਿਆਂ ਸਮੇਤ ਵੱਖ ਵੱਖ ਖੇਤਰਾਂ ਵਿਚ ਸਰਗਰਮ ਵੱਡੀ ਪੱਧਰ ਤੇ ਨਜਾਇਜ਼ ਧੰਦੇ ਕਰਨ ਵਾਲੇ ਮਾਫ਼ੀਏ ਦੀ ਪਛਾਣ ਕਰਕੇ ਉਨ੍ਹਾਂ ਨੂੰ ਕਾਨੂੰਨ ਦੇ ਕਟਹਿਰੇ ਵਿੱਚ ਲਿਆਂਦਾ ਜਾਵੇ ਅਤੇ ਉਹਨਾਂ ਲਈ ਹੇਠਲੇ ਪੱਧਰ ਤੇ ਕੰਮ ਕਰਦੇ ਕਰਿੰਦਿਆਂ ਲਈ ਬਦਲਵੇਂ ਰੁਜ਼ਗਾਰ ਦਾ ਪ੍ਰਬੰਧ ਕਰਕੇ ਉਨ੍ਹਾਂ ਦਾ ਮੁੜ ਵਸੇਬਾ ਕੀਤਾ ਜਾਵੇ। ਜ਼ਿਲ੍ਹਾ ਪੱਧਰੀ ਹਸਪਤਾਲਾਂ ਵਿਚ ਉਚ ਪੱਧਰੀ ਸਹੂਲਤਾਂ ਦਾ ਪ੍ਰਬੰਧ ਕੀਤਾ ਜਾਵੇ। ਪ੍ਰਾਈਵੇਟ ਤੌਰ ਤੇ ਇਲਾਜ ਕਰਵਾਉਣ ਵਾਲੇ ਪੀੜ੍ਹਤਾਂ ਦੇ ਇਲਾਜ ਦੇ ਖਰਚੇ ਦੀ ਪ੍ਰਤੀਪੂਰਤੀ ਕੀਤੀ ਜਾਵੇ। ਰਿਪੋਰਟ ਜਾਰੀ ਕਰਨ ਸਮੇਂ ਤੱਥ ਖੋਜ ਕਮੇਟੀ ਦੇ ਮੈਂਬਰਾਂ ਤੋਂ ਇਲਾਵਾ ਜ਼ਿਲ੍ਹਾ ਆਗੂ ਅਮਰੀਕ ਸਿੰਘ, ਦਰਸ਼ਨ ਸਿੰਘ ਕੁਨਰਾਂ, ਹਰਗੋਬਿੰਦ ਸਿੰਘ, ਕੁਲਵਿੰਦਰ ਬੰਟੀ,ਇਨਜਿੰਦਰ ਅਤੇ ਵਿਸ਼ਵ ਕਾਂਤ ਮੌਜੂਦ ਸਨ।

## ਨੋਰਵੁੱਡ ਸਕੂਲ ਬਲਾਚੌਰ ਦੇ ਬੱਚਿਆਂ ਨੇ ਕੀਤੀ ਪ੍ਰਭ ਆਸਰਾ ਵਿਖੇ ਸ਼ਿਰਕਤ

ਵਰਲਡ ਪੰਜਾਬੀ ਟਾਈਮਜ਼ ਗੁਰਬਿੰਦਰ ਸਿੰਘ ਰੋਮੀ

ਕੁਰਾਲ਼ੀ, 17 ਮਈ : ਪਿਛਲੇ 20 ਸਾਲਾਂ ਤੋਂ ਆਪਣੇ ਸਮਾਜ ਸੇਵੀ ਕਾਰਜਾਂ, ਵਿਸ਼ੇਸ਼ ਕਰਕੇ ਬੇਸਹਾਰਾ ਨਾਗਰਿਕਾਂ ਦੇ ਇਲਾਜ ਅਤੇ ਮੁੜ-ਵਸੇਬੇ ਲਈ ਸੰਸਾਰ ਪ੍ਰਸਿੱਧ ਸੰਸਥਾ ਪ੍ਰਭ ਆਸਰਾ ਪਡਿਆਲਾ ਵਿਖੇ ਜਿੱਥੇ ਵਿਦਿਅਕ ਤੇ ਸਿੱਖਿਅਕ ਸੰਸਥਾਵਾਂ ਦੇ ਵਿਦਿਆਰਥੀ ਅਕਸਰ ਸਿਖਲਾਈ ਲਈ ਆਉਂਦੇ ਰਹਿੰਦੇ ਹਨ। ਉੱਥੇ ਹੀ ਸਕੂਲਾਂ ਦੇ ਪ੍ਰਬੰਧਕ ਤੇ ਮਾਪੇ ਵੀ ਆਪਣੇ




ਬੱਚਿਆਂ ਵਿੱਚ ਨੈਤਿਕ ਕਦਰਾਂ-ਕੀਮਤਾਂ ਅਤੇ ਜਿੰਦਗੀ ਦੀਆਂ ਤਲਖ ਸੱਚਾਈਆਂ ਬਾਰੇ ਜਾਣੂ ਕਰਵਾਉਣ ਦੀ ਮਨਸ਼ਾ ਨਾਲ਼ ਇੱਥੇ ਫੇਰੀ ਪਵਾਉਣਾ ਲਾਹੇਵੰਦ ਸਮਝਦੇ ਹਨ। ਇਸੇ ਦੇ ਚਲਦਿਆਂ ਨੋਰਵੁੱਡ ਸਕੂਲ ਬਲਾਚੌਰ ਵੱਲੋਂ ਆਪਣੇ ਵਿਦਿਆਰਥੀਆਂ ਨੂੰ ਪ੍ਰਭ ਆਸਰਾ ਵਿਖੇ ਫੇਰੀ ਪਵਾਈ ਗਈ। ਇੱਥੇ ਰਹਿੰਦੇ ਮਰੀਜ਼ਾਂ ਅਤੇ ਬੇਸਹਾਰਾ ਨਾਗਰਿਕਾਂ ਨੂੰ ਮਿਲਣ ਤੋਂ ਬਾਅਦ ਬੱਚਿਆਂ ਨੇ ਸੰਸਥਾ ਮੁਖੀ ਸ. ਸ਼ਮਸ਼ੇਰ ਸਿੰਘ ਜੀ ਤੇ ਬੀਬੀ ਰਜਿੰਦਰ ਕੌਰ ਜੀ ਨਾਲ਼ ਆਪਣੀਆਂ ਭਾਵਨਾਵਾਂ ਸਾਂਝੀਆਂ ਕੀਤੀਆਂ। ਉਨ੍ਹਾਂ ਕਿਹਾ ਕਿ ਅੱਜ ਇੱਥੇ ਪਹੁੰਚ ਕੇ ਬਹੁਤ ਕੁੱਝ ਅਜਿਹਾ ਵੇਖਣ ਨੂੰ ਮਿਲਿਆ ਜਿਸ ਬਾਰੇ ਪਹਿਲਾਂ ਕਦੇ ਸੋਚਿਆ ਵੀ ਨਹੀਂ ਸੀ। ਇਸ ਮੌਕੇ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਨੇ ਬੱਚਿਆਂ ਨਾਲ਼ ਤੋਹਫ਼ੇ ਵੀ ਸਾਂਝੇ ਕੀਤੇ।

## ਜਥੇਦਾਰ ਖੁੱਡੀਆਂ ਦੀ ਚੋਣ ਮੁਹਿੰਮ ਨੂੰ ਬਠਿੰਡਾ ਸ਼ਹਿਰੀ ਤੋਂ ਮਿਲੀ ਮਜਬੂਤੀ

### ਕੌਂਸਲਰ ਹਰਪਾਲ ਢਿੱਲੋ ਦੇ ਯਤਨਾ ਸਦਕਾ ਅਕਾਲੀ ਭਾਜਪਾ ਦੇ ਕਈ ਸੀਨੀਅਰ ਆਗੂ ਆਪ ਚ

### ਜਥੇਦਾਰ ਖੁੱਡੀਆਂ ਨੇ ਸ਼ਾਮਿਲ ਆਗੂਆਂ ਨੂੰ ਪਾਰਟੀ ਵਿੱਚ ਪੂਰਾ ਮਾਨ ਸਨਮਾਨ ਦਾ ਦਿੱਤਾ ਭਰੋਸਾ

ਵਰਲਡ ਪੰਜਾਬੀ ਟਾਈਮਜ਼ ਗੁਰਪ੍ਰੀਤ ਚਹਿਲ



ਬਠਿੰਡਾ,17 ਮਈ : ਜਿਵੇਂ ਜਿਵੇਂ ਲੋਕ ਸਭਾ ਚੋਣਾਂ ਨੇੜੇ ਆ ਰਹੀਆਂ ਉਵੇਂ ਉਵੇਂ ਆਮ ਆਦਮੀ ਪਾਰਟੀ ਤੇ ਬਠਿੰਡਾ ਲੋਕ ਸਭਾ ਉਮੀਦਵਾਰ ਜਥੇਦਾਰ ਗੁਰਮੀਤ ਸਿੰਘ ਖੁਡੀਆ ਦੀ ਚੋਣ ਮੁਹਿੰਮ ਲਗਾਤਾਰ ਤੇਜ਼ ਹੁੰਦੀ ਜਾ ਰਹੀ ਹੈ। ਤੇ ਇਸੇ ਲੜੀ ਤਹਿਤ ਇਸ ਚੋਣ ਮੁਹਿੰਮ ਨੂੰ ਉਸ ਵੇਲੇ ਵੱਡਾ ਹੁੰਗਾਰਾ ਮਿਲਿਆ ਜਦੋਂ ਵਿਧਾਇਕ ਜਗਰੂਪ ਸਿੰਘ ਗਿੱਲ ਦੀ ਅਗਵਾਈ ਹੇਠ ਕੌਂਸਲਰ ਹਰਪਾਲ ਸਿੰਘ ਢਿੱਲੋ ਦੀ ਟੀਮ ਦੇ ਯਤਨਾਂ ਸਦਕਾ ਅਕਾਲੀ ਭਾਜਪਾ ਦੇ ਕਈ ਸੀਨੀਅਰ ਆਗੂ ਜਥੇਦਾਰ ਖੁਡੀਆਂ ਦੀ ਹਾਜ਼ਰੀ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ। ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਨੇ ਭਾਜਪਾ ਦੇ ਐਸ ਸੀ ਵਿੰਗ ਦੇ ਸੈਕਟਰੀ, ਅਰਜਨ ਦਾਸ,ਅਕਾਲੀ ਦਲ ਦੇ ਵਾਰਡ ਇੰਚਾਰਜ ਅਤੇ ਕੌਂਸਲਰ ਦੇ ਸਪੁੱਤਰ ਗੌਤਮ ਮਸੀਹ, ਅਕਾਲੀ ਦਲ ਦੇ ਆਈ ਟੀ ਵਿੰਗ ਦੇ ਜਨਰਲ ਸੈਕਟਰੀ ਵੇਦ ਬਿੱਲਾ,ਜੋਨੀ ਅਟਵਾਲ ਅਕਾਲੀ ਦਲ, ਅ੍ਰਿਮਤਪਾਲ ਬੀ ਜੇ ਪੀ, ਅਮਨਦੀਪ ਬੀ ਜੇ ਪੀ ਨੂੰ ਜਥੇਦਾਰ ਗੁਰਮੀਤ ਸਿੰਘ ਖੁੱਡੀਆਂ ਨੇ ਪਾਰਟੀ ਦਾ ਸਰੋਪਾ ਪਾ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕੀਤਾ ਅਤੇ ਭਰੋਸਾ ਦਿੱਤਾ ਕਿ ਉਹਨਾਂ ਨੂੰ ਪਾਰਟੀ ਵਿੱਚ ਪੂਰਾ ਮਾਨ ਸਨਮਾਨ ਦਿੱਤਾ ਜਾਵੇਗਾ।। ਇਸ ਮੌਕੇ ਕੌਂਸਲਰ ਹਰਪਾਲ ਢਿੱਲੋਂ ਨੇ ਕਿਹਾ ਕਿ ਲੋਕ ਸਭਾ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰ ਜਥੇਦਾਰ ਗੁਰਮੀਤ ਸਿੰਘ ਖੁਡੀਆਂ ਦੀ ਚੋਣ ਮੁਹਿੰਮ ਨੂੰ ਹਰ ਰੋਜ਼ ਵੱਡਾ ਹੁੰਗਾਰਾ ਮਿਲ ਰਿਹਾ ਹੈ ਅਤੇ ਬਠਿੰਡਾ ਸ਼ਹਿਰ ਦੇ ਲੋਕ ਵੱਡੀ ਲੀਡ ਨਾਲ ਉਹਨਾਂ ਨੂੰ ਜਿਤਾਉਣਗੇ। ਇਸ ਮੌਕੇ ਪਾਰਟੀ ਵਿੱਚ ਸ਼ਾਮਿਲ ਆਗੂਆਂ ਨੇ ਜਥੇਦਾਰ ਗੁਰਮੀਤ ਸਿੰਘ ਖੁਡੀਆਂ ਨੂੰ ਭਰੋਸਾ ਦਵਾਇਆ ਕਿ ਉਹ ਲੋਕ ਸਭਾ ਚੋਣਾਂ ਵਿੱਚ ਦਿਨ ਰਾਤ ਮਿਹਨਤ ਕਰਨਗੇ ਅਤੇ ਇੱਕ-ਇੱਕ ਵੋਟ ਆਮ ਆਦਮੀ ਪਾਰਟੀ ਨੂੰ ਪਵਾਉਣ ਵਿੱਚ ਅਹਿਮ ਰੋਲ ਨਿਭਾਇਆ ਜਾਵੇਗਾ। ਇਸ ਮੌਕੇ ਵਿਧਾਇਕ ਜਗਰੂਪ ਸਿੰਘ ਗਿੱਲ ਅਤੇ ਕੌਂਸਲਰ ਸੁਖਦੀਪ ਸਿੰਘ ਢਿੱਲੋ ਨੇ ਸ਼ਾਮਿਲ ਆਗੂਆਂ ਨੂੰ ਵਧਾਈਆਂ ਦਿੱਤੀਆਂ।

## ਕਵੀ ਮੰਚ ਮੋਹਾਲੀ ਦੀ ਮੀਟਿੰਗ ਹੋਈ

ਵਰਲਡ ਪੰਜਾਬੀ ਟਾਈਮਜ਼ ਰਾਜ ਕੁਮਾਰ ਸਾਹੋਵਾਲੀਆ



ਮੋਹਾਲੀ, 17 ਮਈ : ਕਵੀ ਮੰਚ ਮੋਹਾਲੀ ਦੇ ਪ੍ਰਧਾਨ ਸ੍ਰੀ ਭਗਤ ਰਾਮ ਰੰਗਾੜਾ ਦੀ ਪ੍ਰਧਾਨਗੀ ਹੇਠ ਸਭਾ ਦੇ ਅਹੁਦੇਦਾਰਾਂ ਦੀ ਇੱਕ ਮੀਟਿੰਗ ਮਿਤੀ 12.05.2024 ਨੂੰ ਮੋਹਾਲੀ ਵਿਖੇ ਕੀਤੀ ਗਈ ਜਿਸ ਵਿੱਚ ਕਵੀ ਮੰਚ (ਰਜਿ:) ਮੋਹਾਲੀ ਦੇ ਸਲਾਹਕਾਰ ਤੇ ਉੱਘੇ ਲੇਖਕ ਸ੍ਰ. ਅਜਮੇਰ ਸਿੰਘ ਸਾਗਰ ਦੀ ਇੱਕ ਸੜਕ ਹਾਦਸੇ ਵਿੱਚ ਵੇਵਕਤੀ ਹੋਈ ਮੌਤ ਦੇ ਗਹਿਰੇ ਸ਼ੋਕ ਦਾ ਪ੍ਰਗਟਾਵਾ ਕਰਦਿਆਂ, ਮੰਚ ਨੂੰ ਸ਼੍ਰੀ ਸਾਗਰ ਦੇ ਜਾਣ ਦਾ ਬਹੁਤ ਵੱਡਾ ਘਾਟਾ ਪਿਆ ਦੱਸਿਆ ਗਿਆ। ਜਿੱਥੇ ਇਸ ਦੁਖਦਾਈ ਮੌਕੇ ਤੇ ਪਰਿਵਾਰ ਨਾਲ ਖੜ੍ਹਨ ਦਾ ਪ੍ਰਣ ਕੀਤਾ ਗਿਆ ਉੱਥੇ ਉਹਨਾਂ ਦੀ ਸੋਚ ਨੂੰ ਜਿੰਦਾ ਰੱਖਣ ਲਈ ਮੰਚ ਵੱਲੋਂ ਭਵਿੱਖ ਵਿੱਚ ਉਪਰਾਲੇ ਕਰਨ ਦਾ ਵਾਅਦਾ ਵੀ ਕੀਤਾ ਗਿਆ। ਸਾਰੇ ਅਹੁਦੇਦਾਰਾਂ ਨੇ ਇੱਕ ਸੁਰ ਵਿੱਚ ਬੜੇ ਗਮਗੀਨ ਮਾਹੌਲ ਅੰਦਰ ਇਸ ਅਕਹਿ ਤੇ ਅਸਹਿ ਸਦਮੇ ਝਲਦਿਆਂ ਹੋਇਆਂ ਵਿਛੜੀ ਰੂਹ ਨੂੰ ਆਤਮਿਕ ਸ਼ਾਂਤੀ ਦੇਣ ਤੇ ਚਰਨਾਂ ਵਿੱਚ ਨਿਵਾਸ ਬਖਸ਼ਿਸ਼ ਕਰਨ ਦੀ ਵਾਹਿਗੁਰੂ ਅੱਗੇ ਜੋਦੜੀ ਵੀ ਕੀਤੀ ਗਈ। ਇਸ ਮੌਕੇ ਧਿਆਨ ਸਿੰਘ ਕਾਹਲੋਂ ਵਿੱਤ ਸਕੱਤਰ, ਰਾਜ ਕੁਮਾਰ ਸਾਹੋਵਾਲੀਆ ਸਲਾਹਕਾਰ, ਸ੍ਰ. ਰਣਜੋਧ ਸਿੰਘ ਰਾਣਾ ਸੀਨੀਅਰ ਉਪ ਪ੍ਰਧਾਨ, ਸ੍ਰ. ਬਲਦੇਵ ਸਿੰਘ ਪ੍ਰਦੇਸੀ ਉਪ ਪ੍ਰਧਾਨ, ਹਰਦੀਪ ਸਿੰਘ ਲੌਂਗੀਆ, ਸ੍ਰ. ਜਗਪਾਲ ਸਿੰਘ IFS (ਰਿਟਾ.), ਅਮਰੀਕ ਸੇਠੀ, ਸੁਖਵੀਰ ਸਿੰਘ ਮੋਹਾਲੀ ਅਤੇ ਡਾ. ਹਰਨੇਕ ਸਿੰਘ ਕਲੇਰ, ਜਸਪਾਲ ਸਿੰਘ ਦੇਸੂਵੀ (ਕਨੈਡਾ ਤੋਂ ਫੋਨ ਰਾਹੀਂ) ਆਦਿ ਸ਼ਾਮਿਲ ਹੋਏ। ਉੱਘੇ ਗ਼ਜ਼ਲਗੋ ਤੇ ਲੇਖਕ ਸ਼੍ਰੀ ਸਿਰੀਰਾਮ ਅਰਸ਼ ਸਰਪ੍ਰਸਤ ਜੀ ਵੱਲੋਂ ਵੀ ਫੋਨ ਰਾਹੀਂ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਲਈ ਆਪਣੀ ਸੰਵੇਦਨਾ ਪ੍ਰਗਟ ਕੀਤੀ ਗਈ। ਉਨ੍ਹਾਂ ਦੇ ਸਸਕਾਰ ਤੇ ਭਾਰੀ ਗਿਣਤੀ ਵਿੱਚ ਸਾਹਿਤਕਾਰ, ਪੈਨਸ਼ਨਰਜ਼, ਰਿਸ਼ਤੇਦਾਰ ਅਤੇ ਹਿਤੈਸ਼ੀ ਸ਼ਾਮਲ ਸਨ।

## ਆਂਗਣਵਾੜੀ ਵਰਕਰਾਂ ਨੇ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਕੀਤੀ ਨਾਹਰੇਬਾਜੀ

ਵਰਲਡ ਪੰਜਾਬੀ ਟਾਈਮਜ਼ ਟਿੰਕੂ ਕੁਮਾਰ



ਕੋਟਕਪੂਰਾ, 17 ਮਈ : ਆਲ ਪੰਜਾਬ ਆਂਗਣਵਾੜੀ ਮੁਲਾਜਮ ਯੂਨੀਅਨ ਨਾਲ ਸਬੰਧਤ ਬਲਾਕ ਕੋਟਕਪੂਰਾ-2 ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਵਲੋਂ ਬਲਾਕ ਪ੍ਰਧਾਨ ਗੁਰਮੀਤ ਕੌਰ ਦਬੜੀਖਾਨਾ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ ਕਰਦਿਆਂ ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਪੰਜਾਬ ਸਰਕਾਰ ਤੇ ਸਮਾਜਿਕ ਸੁਰੱਖਿਆ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਦੇ ਖਿਲਾਫ ਜੋਰਦਾਰ ਨਾਅਰੇਬਾਜੀ ਕੀਤੀ। ਇਸ ਮੌਕੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਨੇ ਕਿਹਾ ਕਿ ਸਰਕਾਰ ਯੂਨੀਅਨ ਦੇ ਸੂਬਾ ਪ੍ਰਧਾਨ ਹਰਗੋਬਿੰਦ ਕੌਰ ਨੂੰ ਜਾਣ ਬੁੱਝ ਕੇ ਬਿਨਾਂ ਗੱਲੋਂ ਤੰਗ-ਪ੍ਰੇਸ਼ਾਨ ਕਰ ਰਹੀ ਹੈ ਪਰ ਜਥੇਬੰਦੀ ਪੰਜਾਬ ਸਰਕਾਰ ਨੂੰ ਕਰਾਰਾ ਜਵਾਬ ਦੇਵੇਗੀ। ਉਹਨਾਂ ਕਿਹਾ ਕਿ ਹਰਗੋਬਿੰਦ ਕੌਰ ਪਿਛਲੇਂ 31 ਸਾਲਾਂ ਤੋਂ ਸਾਡੀ ਅਗਵਾਈ ਕਰ ਰਹੀ ਹੈ ਅਤੇ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਦੇ ਹੱਕਾਂ ਲਈ ਸਰਕਾਰਾਂ ਨਾਲ ਤਕੜੇ ਸੰਘਰਸ਼ ਲੜੇ ਹਨ ਤੇ ਜੇਲਾਂ ਵੀ ਕੱਟੀਆਂ ਹਨ ਅਤੇ ਸਮੇਂ ਦੀਆਂ ਸਰਕਾਰਾਂ ਕੋਲੋਂ ਬਹੁਤ ਸਾਰੀਆਂ ਮੰਗਾਂ ਪੂਰੀਆਂ ਕਰਵਾਈਆਂ ਪਰ ਹੁਣ ਆਪ ਸਰਕਾਰ ਤਾਨਾਸ਼ਾਹੀ ਰਵੱਈਆ ਅਪਣਾਉਂਦਿਆਂ ਬਦਲੇ ਦੀ ਭਾਵਨਾ ਨਾਲ ਕੰਮ ਕਰ ਰਹੀ ਹੈ। ਉਨਾਂ ਕਿਹਾ ਕਿ ਸਰਕਾਰ ਨਹੀਂ ਚਾਹੁੰਦੀ ਕਿ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਆਪਣੇ ਹੱਕਾਂ ਦੀ ਗੱਲ ਕਰਨ, ਇਸੇ ਕਰਕੇ ਪ੍ਰਧਾਨ ਨੂੰ ਦਬਾਉਣਾ ਚਾਹੁੰਦੀ ਹੈ ਅਤੇ ਮਹਿਕਮੇ ਵਲੋਂ ਵਾਰ-ਵਾਰ ਉਹਨਾਂ ਨੂੰ ਨੋਟਿਸ ਭੇਜੇ ਜਾ ਰਹੇ ਹਨ। ਉਹਨਾਂ ਕਿਹਾ ਕਿ ਸੂਬੇ ਦੀਆਂ ਆਂਗਣਵਾੜੀ ਵਰਕਰਾਂ ਤੇ ਹੈਲਪਰਾਂ ਹਰਗੋਬਿੰਦ ਕੌਰ ਦੇ ਨਾਲ ਚਟਾਨ ਵਾਂਗ ਖੜੀਆਂ ਹਨ। ਫੋਟੋ ਕੈਪਸ਼ਨ :- ਪੰਜਾਬ ਸਰਕਾਰ ਦਾ ਪੁਤਲਾ ਫੂਕ ਕੇ ਨਾਹਰੇਬਾਜੀ ਕਰਦੀਆਂ ਹੋਈਆਂ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ।